# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 13-04-2025**

ਅੱਜ ਵਿਸਾਖੀ ਦਾ ਤਿਉਹਾਰ ਉਤਸ਼ਾਹ ਤੇ ਭਾਈਚਾਰੇ ਨਾਲ ਮਨਾਇਆ ਜਾ ਰਿਹਾ ਏ । ਇਸ ਦਿਨ ਦਾ ਧਾਰਮਿਕ, ਸੱਭਿਆਚਾਰਕ ਤੇ ਇਤਿਹਾਸਕ ਮਹੱਤਵ ਏ । ਇਸ ਦਿਨ ਦਾ ਧਾਰਮਿਕ ਮਹੱਤਵ ਵੀ ਏ ਕਿਓਂ ਕਿ ਇਸ ਦਿਨ ਖਾਲਸਾ ਪੰਥ ਦੀ ਸਥਾਪਨਾ ਹੋਈ ਸੀ। ਰਵਾਇਤੀ ਤੌਰ 'ਤੇ, ਇਹ ਤਿਓਹਾਰ ਫ਼ਸਲਾਂ ਦੀ ਵਾਢੀ ਨਾਲ ਸਬੰਧਿਤ ਏ । ਇਤਿਹਾਸਕ ਤੌਰ 'ਤੇ, ਇਹ ਬਹੁਤ ਮਹੱਤਵਪੂਰਨ ਏ ਕਿਉਂਕਿ ਜਲ੍ਹਿਆਂਵਾਲਾ ਬਾਗ ਦਾ ਕਤਲੇਆਮ ਵੀ ਇਸੇ ਦਿਨ ਅੰਮ੍ਰਿਤਸਰ ਵਿਚ ਹੋਇਆ ਸੀ।

---------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਵਿਸਾਖੀ ਮੌਕੇ ਨਾਗਰਿਕਾਂ ਨੂੰ ਵਧਾਈਆਂ ਦਿੱਤੀਆਂ ਨੇ । ਇਕ ਸੋਸ਼ਲ ਮੀਡੀਆ ਪੋਸਟ ਵਿਚ, ਉਨ੍ਹਾਂ

ਕਿਹਾ ਕਿ ਇਹ ਤਿਉਹਾਰ ਸਾਰਿਆਂ ਦੇ ਜੀਵਨ ਵਿਚ ਨਵੀਂ ਉਮੀਦ, ਖੁਸ਼ੀ ਤੇ ਭਰਪੂਰਤਾ ਲਿਆਉਂਦਾ ਏ । ਸ਼੍ਰੀ ਮੋਦੀ ਨੇ ਅੱਗੇ ਕਿਹਾ ਕਿ ਇਹ ਤਿਉਹਾਰ ਏਕਤਾ, ਸ਼ੁਕਰਗੁਜ਼ਾਰੀ ਤੇ ਨਵੀਨੀਕਰਨ ਦੀ ਭਾਵਨਾ ਦਾ ਜਸ਼ਨ ਮਨਾਉਂਦਾ ਏ ।

-----------------------------------------------------

ਖਾਲਸੇ ਦੀ ਜਨਮ ਭੂਮੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ ਵਿਖੇ ਖਾਲਸਾ ਸਾਜਨਾ ਦਿਵਸ  ਮੌਕੇ ਦੇਸ਼ ਵਿਦੇਸ਼ ਤੋਂ ਸੰਗਤਾਂ ਨਤਮਸਤਕ ਹੋਣ ਲਈ ਪਹੁੰਚ ਰਹੀਆਂ ਨੇ । ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਦੇਸ਼-ਵਿਦੇਸ਼ ਵਿਚ ਵੱਸਦੀ ਸੰਗਤ ਨੂੰ ਖਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ ਗਈ। ਹਰਿਆਣੇ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅੱਜ ਖਾਲਸਾ ਸਾਜਨਾ ਦਿਵਸ ਮੌਕੇ ਤਖਤ ਸ਼੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ ਤੇ ਉਹਨਾਂ ਵੱਲੋਂ ਗੁਰੂ ਚਰਨਾਂ ਚ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਹ ਉਹ ਅਸਥਾਨ, ਜਿਥੇ  ਗੁਰੂ ਗੋਬਿੰਦ ਸਿੰਘ

ਜੀ ਵਲੋਂ ਖਾਲਸਾ ਪੰਥ ਦੀ ਸਿਰਜਣਾ ਕੀਤੀ ਗਈ ਤੇ ਸਮੁੱਚੀ ਮਾਨਵਤਾ ਨੂੰ ਜਬਰ ਤੇ ਜ਼ੁਲਮ ਦਾ ਟਾਕਰਾ ਕਰਨ ਦੀ ਪ੍ਰੇਰਨਾ ਦਿੱਤੀ ਗਈ ਸੀ।

---------------------------------------------------------

326ਵੇਂ ਖ਼ਾਲਸਾ ਸਾਜਣਾ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭਰਵੀਂ ਗਿਣਤੀ ’ਚ ਸੰਗਤਾਂ ਨਤਮਸਤਕ ਹੋ ਰਹੀਆਂ ਨੇ । ਸ਼ਰਧਾਲੂਆਂ ਨੇ ਗੁਰਬਾਣੀ ਕੀਰਤਨ ਸਰਵਨ ਕੀਤਾ ਤੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕਰਕੇ ਸ਼ਰਧਾ ਪ੍ਰਗਟਾਈ। ਇਸੇ ਦੌਰਾਨ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਧਾਰਮਿਕ ਦੀਵਾਨ ਸਜਾਏ ਗਏ , ਜਿਸ ਵਿਚ ਸਿੱਖ ਧਰਮ ਦੇ ਪ੍ਰਚਾਰਕ, ਕਥਾ ਵਾਚਕ, ਰਾਗੀ, ਢਾਡੀ ਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਖਾਲਸਾ ਪੰਥ ਦੇ ਸ਼ਾਨਾਮਤਾ ਇਤਿਹਾਸ ਨਾਲ ਜੋੜਿਆ। ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਵੱਡੀ ਗਿਣਤੀ ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ । ਰਾਤ ਨੂੰ ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ

ਦੀਪਮਾਲਾ ਵੀ ਕੀਤੀ ਜਾਵੇਗੀ। ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਵੀ ਖਾਲਸਾ ਸਾਜਨਾ ਦਿਵਸ ਸ਼ਰਧਾ ਪੂਰਵਕ ਮਨਾਇਆ ਗਿਆ। ਸੰਗਤ ਅੰਮ੍ਰਿਤ ਵੇਲੇ ਤੋਂ ਹੀ ਗੁਰੂ ਘਰ ਨਤਮਸਤਕ ਹੋ ਰਹੀ ਏ ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ  ਦੇ ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਗਏ

---------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਜਲ੍ਹਿਆਂਵਾਲਾ ਬਾਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਮੁਰਮੂ ਨੇ 1919 ਵਿੱਚ ਇਸ ਦਿਨ ਆਜ਼ਾਦੀ ਘੁਲਾਟੀਆਂ ਦੁਆਰਾ ਦਿੱਤੀ ਗਈ ਕੁਰਬਾਨੀ ਨੂੰ ਯਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੀ ਕੁਰਬਾਨੀ ਨੇ ਦੇਸ਼ ਦੇ ਆਜ਼ਾਦੀ ਸੰਘਰਸ਼ ਦੇ ਪ੍ਰਵਾਹ ਨੂੰ ਮਜ਼ਬੂਤ ਕੀਤਾ ਏ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਆਉਣ ਵਾਲੀਆਂ ਪੀੜ੍ਹੀਆਂ ਸ਼ਹੀਦਾਂ   ਦੀ ਅਦੁੱਤੀ ਭਾਵਨਾ ਨੂੰ ਹਮੇਸ਼ਾ ਯਾਦ ਰੱਖਣਗੀਆਂ।

ਉਨ੍ਹਾਂ ਇਸ ਘਟਨਾ ਨੂੰ ਸਾਡੇ ਦੇਸ਼ ਦੇ ਇਤਿਹਾਸ ਵਿੱਚ ਇੱਕ ਕਾਲਾ ਅਧਿਆਇ ਦੱਸਿਆ।

---------------------------------------------------------------

ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਿਹਾ ਏ ਕਿ ਪੰਜਾਬ ਸਰਕਾਰ ਲੋਕਾਂ ਨੂੰ ਮਿਆਰੀ ਸਿੱਖਿਆ, ਸਿਹਤ ਸੇਵਾਵਾਂ ਤੇ ਬੁਨਿਆਦੀ ਸਹੂਲਤਾਂ ਪਹਿਲ ਦੇ ਆਧਾਰ 'ਤੇ ਮੁਹੱਈਆ ਕਰਵਾਉਣ ਲਈ ਵਚਨਬੱਧ ਏ। ਲੁਧਿਆਣਾ ਦੇ ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਰਾਹੋਂ ਰੋਡ 'ਤੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਉਹਨਾਂ ਦੱਸਿਆ ਕਿ ਕਰੀਬ 80 ਲੱਖ ਰੁਪਏ ਦੀ ਗ੍ਰਾਂਟ ਨਾਲ ਜੰਗੀ ਪੱਧਰ 'ਤੇ ਵਿਕਾਸ ਕਾਰਜ ਕਰਵਾਏ ਜਾਣੇ ਨੇ। ਉਨ੍ਹਾਂ ਦੱਸਿਆ ਕਿ ਸੂਬੇ ਭਰ ਵਿੱਚ ਵਿਕਾਸ ਕਾਰਜ਼ਾਂ ਦੀ ਹਨੇਰੀ ਚੱਲ ਰਹੀ ਏ ਤੇ ਪੰਜਾਬ ਸਰਕਾਰ ਵਲੋਂ ਵਿਕਾਸ ਪ੍ਰੋਜੈਕਟਾਂ ਲਈ ਗ੍ਰਾਂਟਾਂ ਦੇ ਗੱਫੇ ਜਾਰੀ ਕੀਤੇ ਜਾ ਰਹੇ ਨੇ।

---------------------------------------------------------------

ਏ.ਡੀ.ਜੀ.ਪੀ. ਏ.ਐਸ. ਰਾਏ ਨੇ ਲੁਧਿਆਣਾ ਵਿੱਚ ਕਾਨੂੰਨ ਵਿਵਸਥਾ

ਬਣਾਈ ਰੱਖਣ ਤੇ ਜਨਤਕ ਸੁਰੱਖਿਆ ਵਧਾਉਣ ਲਈ ਰਾਤ ਨੂੰ ਇਕ ਮਜ਼ਬੂਤ ਡੌਮੀਨੇਸ਼ਨ ਓਪਰੇਸ਼ਨ ਦੀ ਅਗਵਾਈ ਕੀਤੀ। ਇਸ ਮੌਕੇ ਲੁਧਿਆਣਾ ਦੇ ਪੁਲਿਸ ਕਮਿਸ਼ਨਰ ਸਵਪਨ ਸ਼ਰਮਾ ਵੀ ਮੌਜੂਦ ਰਹੇ । ਏ.ਡੀ.ਜੀ.ਪੀ. ਰਾਏ ਨੇ ਰੇਲਵੇ ਸਟੇਸ਼ਨ 'ਤੇ ਇਕ ਨਾਕੇ ਦਾ ਵੀ ਨਿਰੀਖਣ ਕੀਤਾ। ਲੁਧਿਆਣਾ ਦੇ ਵਸਨੀਕਾਂ ਲਈ ਸਖ਼ਤ ਸੁਰੱਖਿਆ ਯਕੀਨੀ ਬਣਾਉਣ ਲਈ ਨਿੱਜੀ ਵਾਹਨਾਂ ਦੀ ਪੂਰੀ ਤਰ੍ਹਾਂ ਤਲਾਸ਼ੀ ਦੀ ਨਿਗਰਾਨੀ ਕੀਤੀ। ਉਹਨਾਂ ਡਿਊਟੀ 'ਤੇ ਮੌਜੂਦ ਪੁਲਿਸ ਟੀਮਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਤੇ ਉਨ੍ਹਾਂ ਨੂੰ ਅਟੁੱਟ ਸਮਰਪਣ ਤੇ ਪੇਸ਼ੇਵਰਤਾ ਨਾਲ ਸੇਵਾ ਜਾਰੀ ਰੱਖਣ ਦੀ ਤਾਕੀਦ ਕੀਤੀ। ਲੋਕਾਂ ਦੀ ਸੁਰੱਖਿਆ ਪ੍ਰਤੀ ਪੰਜਾਬ ਪੁਲਿਸ ਦੀ ਵਚਨਬੱਧਤਾ ਦੀ ਪੁਸ਼ਟੀ ਕਰਦੇ ਹੋਏ ਏ.ਡੀ.ਜੀ.ਪੀ ਨੇ ਕਿਹਾ, "ਪੰਜਾਬ ਪੁਲਿਸ ਕੋਲ ਬਹਾਦਰੀ ਤੇ ਕੁਰਬਾਨੀ ਦੀ ਮਾਣਮੱਤੀ ਵਿਰਾਸਤ ਹੈ। ਅਸੀਂ ਸਾਰੇ ਨਾਗਰਿਕਾਂ ਲਈ ਇੱਕ ਸੁਰੱਖਿਅਤ ਵਾਤਾਵਰਣ ਪ੍ਰਦਾਨ ਕਰਨ ਲਈ ਦ੍ਰਿੜ ਹਾਂ। ਕਿਸੇ ਨੂੰ ਵੀ ਕਾਨੂੰਨ ਆਪਣੇ ਹੱਥਾਂ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

-----------------------------------------------------------

ਲੋੜਵੰਦ ਔਰਤਾਂ ਨੂੰ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਵਿਚ ਮਦਦ ਕਰਨ ਦੇ ਉਦੇਸ਼ ਨਾਲ ਕੰਨਿਆ ਸਿੱਖਿਆ ਪ੍ਰਸਾਰ ਸੰਸਥਾਨ ਆਰੀਆ ਸਮਾਜ ਮੰਦਰ ਮਾਡਲ ਹਾਊਸ, ਜਲੰਧਰ ਵਿਖੇ ਔਰਤਾਂ ਨੂੰ ਮੁਫ਼ਤ ਟੇਲਰਿੰਗ ਤੇ ਬਿਊਟੀਸ਼ੀਅਨ ਕੋਰਸ ਦੀ ਸਮਾਪਤੀ ਦੇ ਮੌਕੇ ਸੰਸਥਾ ਵਲੋਂ ਇਕ ਸਮਾਗਮ ਕਰਵਾਇਆ ਗਿਆ, ਜਿਸ ਵਿਚ ਪੰਜਾਬ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਮੁੱਖ ਮਹਿਮਾਨ ਵਜੋਂ ਪਹੁੰਚੇ। ਇਸ ਮੌਕੇ ਮਹਿੰਦਰ ਭਗਤ ਨੇ ਸੰਸਥਾ ਦੇ ਕੰਮ ਦੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਨੌਜਵਾਨ ਔਰਤਾਂ ਨੂੰ ਆਤਮ ਨਿਰਭਰ ਬਣਾਉਣ ਲਈ ਕੀਤਾ ਜਾ ਰਿਹਾ ਕੰਮ ਬਹੁਤ ਹੀ ਸ਼ਲਾਘਾਯੋਗ ਏ ।